ਸ.ਫਾ 1 ਦੀਆਂ ਬਾਕੀਆਂ

ਕੈਨੇਡਾ ਦਾ ਰਵਈਆ ਬਹੁਤ ਮਾੜਾ, ਖ਼ਾਲਿਸਤਾਨ ਦੇ ਨਾਂ 'ਤੇ ਕੱਟੜਪੰਥੀ ਚਲਾ ਰਹੇ ਅਪਰਾਧਕ ਗਤੀਵਿਧੀਆਂ

ਕੀਤਾ ਗਿਆ ਸੀ। ਇਸ ਦੌਰਾਨ ਗੱਲਬਾਤ ਕਰਦਿਆਂ ਵਰਮਾ ਨੇ ਕੈਨੇਡਾ ਵਿਚ ਖ਼ਾਲਿਸਤਾਨੀ ਲਹਿਰ, ਖ਼ਾਲਿਸਤਾਨ ਸਮਰਥਕਾਂ ਨੂੰ ਸਿਆਸੀ ਫ਼ਾਇਦੇ ਲਈ ਸਥਾਨਕ ਨੇਤਾਵਾਂ ਤੋਂ ਮਿਲ ਰਹੀ ਮਦਦ ਅਤੇ ਖ਼ਾਲਿਸਤਾਨੀਆਂ ਦੀਆਂ ਅਪਰਾਧਿਕ ਗਤੀਵਿਧੀਆਂ ਆਦਿ ਬਾਰੇ ਵਿਸਥਾਰ ਨਾਲ ਗੱਲ ਕੀਤੀ।

ਉਨ੍ਹਾਂ ਕਿਹਾ, 'ਜੋ ਬੱਚਾ ਸਭ ਤੋਂ ਵੱਧ ਰੋਂਦਾ ਹੈ, ਮਾਂ ਸਭ ਤੋਂ ਪਹਿਲਾਂ ਉਸ ਦਾ ਪੇਟ ਭਰਦੀ ਹੈ। ਇਸੇ ਤਰ੍ਹਾਂ, ਉਨ੍ਹਾਂ ਲੋਕਾਂ (ਖ਼ਾਲਿਸਤਾਨ ਸਮਰਥਕ) ਦੀ ਗਿਣਤੀ ਮੁੱਠੀ ਭਰ ਹੀ ਹੈ, ਪਰ ਉਹ ਸਭ ਤੋਂ ਵੱਧ ਰੌਲਾ ਪਾਉਂਦੇ ਹਨ ਅਤੇ ਕੈਨੇਡੀਅਨ ਲੀਡਰਾਂ ਦਾ ਸਭ ਤੋਂ ਵੱਧ ਧਿਆਨ ਖਿੱਚਦੇ ਹਨ।"ਵਰਮਾ ਨੇ ਕਿਹਾ ਕਿ ਕੈਨੇਡਾ ਵਿਚ ਕੱਟੜਪੰਥੀ ਖ਼ਾਲਿਸਤਾਨੀਆਂ ਦੀ ਗਿਣਤੀ ਸਿਰਫ਼ 10,000 ਦੇ ਕਰੀਬ ਹੈ ਅਤੇ ਉਨ੍ਹਾਂ ਦੇ ਸਮਰਥਕਾਂ ਦੀ ਗਿਣਤੀ ਸ਼ਾਇਦ ਅੱਠ ਲੱਖ ਦੇ ਕਰੀਬ ਸਿੱਖ ਅਬਾਦੀ ਵਿਚੋਂ ਇਕ ਲੱਖ ਹੈ। ਉਨ੍ਹਾਂ ਕਿਹਾ, "ਉਹ ਉਥੇ ਸਮਰਥਨ ਹਾਸਲ ਕਰਨ ਲਈ ਆਮ ਸਿੱਖਾਂ ਨੂੰ ਧਮਕਾਉਂਦੇ ਹਨ।" ਵਰਮਾ ਨੇ ਕਿਹਾ, "ਖ਼ਾਲਿਸਤਾਨੀਆਂ ਨੇ ਕੈਨੇਡਾ ਵਿਚ ਖ਼ਾਲਿਸਤਾਨ ਨੂੰ ਇਕ ਕਾਰੋਬਾਰ ਬਣਾ ਲਿਆ ਹੈ। ਖ਼ਾਲਿਸਤਾਨ ਦੇ ਨਾਂ 'ਤੇ ਉਹ ਮਨੁੱਖੀ ਤਸਕਰੀ, ਨਸ਼ਿਆਂ ਦੀ ਤਸਕਰੀ, ਹਥਿਆਰਾਂ ਦੀ ਤਸਕਰੀ ਅਤੇ ਅਜਿਹੇ ਸਾਰੇ ਕੰਮ ਕਰਦੇ ਹਨ। ਉਹ ਇਸ ਤੋਂ ਅਤੇ ਗੁਰਦੁਆਰਿਆਂ ਰਾਹੀਂ ਬਹੁਤ ਸਾਰਾ ਪੈਸਾ ਇਕੱਠਾ ਕਰਦੇ ਹਨ ਅਤੇ ਇਸ ਦਾ ਕੁਝ ਹਿੱਸਾ ਅਪਣੇ ਸਾਰੇ ਨਾਪਾਕ ਕੰਮਾਂ ਵਿਚ ਖ਼ਰਚ ਕਰਦੇ ਹਨ।

ਉਨ੍ਹਾਂ ਕਿਹਾ ਕਿ ਕੈਨੇਡਾ ਦੀ ਕਮਜ਼ੋਰ ਕਾਨੂੰਨੀ ਪ੍ਰਣਾਲੀ ਕਾਰਨ ਖ਼ਾਲਿਸਤਾਨੀ ਅਤਿਵਾਦੀਆਂ ਅਤੇ ਕੱਟੜਪੰਥੀਆਂ ਨੂੰ ਉੱਥੇ ਪਨਾਹ ਮਿਲੀ ਹੋਈ ਹੈ। ਵਰਮਾ ਨੇ ਕਿਹਾ, "ਨਿੱਝਰ ਸਾਡੇ ਲਈ ਅਤਿਵਾਦੀ ਸੀ ਪਰ ਲੋਕਤੰਤਰ ਵਿਚ ਨਿਆਂ ਪ੍ਰਣਾਲੀ ਤੋਂ ਬਾਹਰ ਕੋਈ ਵੀ ਕਾਰਵਾਈ ਗ਼ਲਤ ਹੈ, ਸੱਚ ਸਾਹਮਣੇ ਆਉਣਾ ਚਾਹੀਦਾ ਹੈ।"
(ਏਜੰਸੀ)

ਅਕਾਲੀ ਦਲ ਨੇ ਪਹਿਲਾਂ ਹੀ ਮੈਦਾਨ ਛਡਿਆ ਜ਼ਿਮਨੀ ਚੋਣਾਂ ਨਾ ਲੜਨ ਦਾ ਲਿਆ ਫ਼ੈਸਲਾ

ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਦਸਿਆ ਕਿ ਅੱਜ ਦੀ ਮੀਟਿੰਗ ਵਿਚ ਇਹ ਮਹਿਸੂਸ ਕੀਤਾ ਗਿਆ ਕਿ ਪਾਰਟੀ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਪਿਛਲੀਆਂ ਅਕਾਲੀ ਦਲ ਦੀਆਂ ਸਰਕਾਰਾਂ ਵੇਲੇ ਵਾਪਰੀਆਂ ਘਟਨਾਵਾਂ ਦੀ ਜ਼ਿੰਮੇਵਾਰੀ ਅਪਣੇ ਸਿਰ ਲਈ ਹੈ। ਵਰਕਿੰਗ ਮੈਂਬਰ, ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇ ਹਲਕਾ ਇੰਚਾਰਜ ਮਹਿਸੂਸ ਕਰਦੇ ਹਨ ਕਿ ਪਾਰਟੀ ਦੇ ਮੁਖੀ ਹੋਣ ਦੇ ਨਾਅਤੇ ਪਾਰਟੀ ਪ੍ਰਧਾਨ ਸੁਖਬੀਰ ਬਾਦਲ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਜ਼ਿਮਨੀ ਚੋਣਾਂ ਵਿਚ ਹਿੱਸਾ ਲੈਣ ਤੋਂ ਰੋਕਿਆ ਹੈ ਤਾਂ ਫਿਰ ਪਾਰਟੀ ਵੀ ਹਿੱਸਾ ਲੈਣ ਤੋਂ ਗੁਰੇਜ਼ ਕਰੇਗੀ। ਚੀਮਾ ਨੇ ਕਿਹਾ ਕਿ ਅਸੀਂ ਸਮਝਦੇ ਹਾਂ ਕਿ ਸੂਬੇ ਵਿਚ ਆਮ ਆਦਮੀ ਪਾਰਟੀ (ਆਪ), ਕੇਂਦਰ ਸਰਕਾਰ, ਭਾਜਪਾ ਤੇ ਆਰ ਐਸ ਐਸ ਨੇ ਅਕਾਲੀ ਦਲ ਨੂੰ ਆਗੂ ਵਿਹੂਣਾ ਬਣਾਉਣ ਵਾਸਤੇ ਕੰਮ ਕੀਤਾ ਹੈ। ਇਸ ਸਾਜ਼ਸ਼ ਤਹਿਤ ਸਚੱਖੰਡ ਸ੍ਰੀ ਹਜ਼ੂਰ ਸਾਹਿਬ ਟਰੱਸਟ ਸਾਡੇ ਤੋਂ ਖੋਹ ਲਿਆ ਗਿਆ ਤੇ ਹਰਿਆਣਾ ਵਿਚ ਵਖਰੀ ਗੁਰਦੁਆਰਾ ਕਮੇਟੀ ਬਣਾ ਦਿਤੀ ਗਈ ਤੇ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਦੀ ਚੋਣ ਵਿਚ ਸੁਧਾਰ ਲਹਿਰ ਦੇ ਹੱਕ ਵਿਚ ਵੋਟਾਂ ਪ੍ਰਭਾਵਤ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ।

ਰਾਜਪਾਲ ਕਟਾਰੀਆ ਨੇ ਰਜਿਸਟਰੀ 'ਤੇ ਐਨ.ਓ.ਸੀ. ਦੀ ਸ਼ਰਤ ਖ਼ਤਮ ਕਰਨ ਵਾਲੇ ਬਿਲ ਨੂੰ ਦਿਤੀ ਮੰਜ਼ੂਰੀ

ਉਨ੍ਹਾਂ ਕਿਹਾ ਕਿ ਸੋਧ ਅਨੁਸਾਰ, ਕੋਈ ਵੀ ਵਿਅਕਤੀ ਜਿਸ ਕੋਲ 31 ਜੁਲਾਈ, 2024 ਤਕ ਅਣਅਧਿਕਾਰਤ ਕਲੋਨੀ ਵਿਚ ਪੰਜ ਸੌ ਵਰਗ ਗਜ਼ ਤਕ ਦੇ ਪਲਾਟ ਲਈ ਪਾਵਰ ਆਫ਼ ਅਟਾਰਨੀ, ਸਟੈਂਪ ਪੇਪਰ 'ਤੇ ਵੇਚਣ ਦਾ ਐਗਰੀਮੈਂਟ ਜਾਂ ਕੋਈ ਹੋਰ ਅਜਿਹਾ ਦਸਤਾਵੇਜ਼ ਹੈ, ਨੂੰ ਜ਼ਮੀਨ ਦੀ ਰਜਿਸਟਰੀ ਲਈ ਕਿਸੇ ਇਤਰਾਜ਼ਹੀਣਤਾ ਸਰਟੀਫ਼ੀਕੇਟ (ਐਨਓਸੀ) ਦੀ ਲੋੜ ਨਹੀਂ ਹੋਵੇਗੀ।

ਐਨ.ਓ.ਸੀ. ਬਾਰੇ ਬਿਲ ਨੂੰ ਮੰਜ਼ੂਰੀ ਦੇਣ ਲਈ ਭਗਵੰਤ ਮਾਨ ਨੇ ਰਾਜਪਾਲ ਦਾ ਕੀਤਾ ਧਨਵਾਦ

ਰਜਿਸਟਰੇਸ਼ਨ ਵਿਚ ਪੇਸ਼ ਆ ਰਹੀ ਸਮੱਸਿਆ ਨੂੰ ਦੂਰ ਕਰਨਾ ਅਤੇ ਅਣਅਧਿਕਾਰਤ ਕਲੋਨੀਆਂ ਦੀ ਉਸਾਰੀ 'ਤੇ ਰੋਕ ਲਗਾਉਣਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਵਿਚ ਅਪਰਾਧੀਆਂ ਨੂੰ ਸਜ਼ਾ ਅਤੇ ਜੁਰਮਾਨੇ ਦੀ ਵਿਵਸਥਾ ਵੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਇਕ ਇਤਿਹਾਸਕ ਫ਼ੈਸਲਾ ਹੈ ਜਿਸ ਦਾ ਉਦੇਸ਼ ਆਮ ਆਦਮੀ ਦੀ ਭਲਾਈ ਨੂੰ ਯਕੀਨੀ ਬਣਾਉਣਾ ਹੈ।

ਜਥੇਦਾਰ ਦੀ ਚੇਤਾਵਨੀ ਤੋਂ ਬਾਅਦ ਰਾਜਾ ਵੜਿੰਗ ਨੇ ਮੁਆਫ਼ੀ ਮੰਗੀ

ਘਿਉ ਖਿੱਚੜੀ ਹਨ। ਇਸ ਦਾ ਨੋਟਿਸ ਲੈਂਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਭੂਸੱਤਾ ਸੰਪੰਨ ਹਸਤੀ ਅਤੇ ਮਾਣ-ਮਰਿਆਦਾ ਨੂੰ ਠੇਸ ਪਹੁੰਚਾਉਣ ਵਾਲੀ ਬਿਆਨਬਾਜ਼ੀ ਦਾ ਗੰਭੀਰ ਨੋਟਿਸ ਲੈਂਦਿਆਂ ਸਖ਼ਤ ਸ਼ਬਦਾਂ ਵਿਚ ਚਿਤਾਵਨੀ ਦਿਤੀ ਸੀ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਤੋਂ ਜਾਰੀ ਲਿਖਤੀ ਬਿਆਨ ਵਿਚ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਉਨ੍ਹਾਂ ਦੇ ਧਿਆਨ ਵਿਚ ਆਇਆ ਹੈ ਕਿ ਰਾਜਾ ਵੜਿੰਗ ਨੇ ਅਪਣੀ ਸਿਆਸੀ ਬੁਖਲਾਹਟ ਵਿਚ ਕੀਤੀ ਬਿਆਨਬਾਜ਼ੀ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਭੂਸੱਤਾ ਅਤੇ ਸਨਮਾਨ ਨੂੰ ਭਾਰੀ ਠੇਸ ਪਹੁੰਚਾਈ ਹੈ, ਜੋ ਹਰਗਿਜ਼ ਨਾ-ਕਾਬਲੇ-ਬਰਦਾਸ਼ਤ ਕੀਤੀ ਜਾ ਸਕਦ। ਉਨ੍ਹਾਂ ਕਿਹਾ ਕਿ ਰਾਜਾ ਵੜਿੰਗ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਰੁਧ ਕੂੜ-ਪ੍ਰਚਾਰ ਕਰਨ ਤੋਂ ਪਹਿਲਾਂ ਅਪਣੀ ਬੁਕਲ ਵਿਚ ਝਾਤ ਮਾਰਨੀ ਚਾਹੀਦੀ ਹੈ ਕਿ ਉਹ ਉਸ ਕਾਂਗਰਸ ਪਾਰਟੀ ਦਾ ਪੰਜਾਬ ਪ੍ਰਧਾਨ ਹੈ ਜਿਸ ਦੀ ਸਰਕਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਤੋਪਾਂ-ਟੈਂਕਾਂ ਦੇ ਨਾਲ ਢਾਹਿਆ ਸੀ ਅਤੇ ਹਜ਼ਾਰਾਂ ਸਿੱਖਾਂ ਦਾ ਕੋਹ-ਕੋਹ ਕੇ ਕਤਲੇਆਮ ਕੀਤਾ ਸੀ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿਚ ਆਖਿਆ ਕਿ ਜੇਕਰ ਰਾਜਾ ਵੜਿੰਗ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮਾਨ ਵਿਰੁਧ ਕੀਤੀ ਬਿਆਨਬਾਜ਼ੀ ਲਈ ਤੁਰਤ ਗੁਰੂ ਪੰਥ ਕੋਲੋਂ ਮਾਫ਼ੀ ਨਾ ਮੰਗੀ ਤਾਂ ਉਸ ਵਿਰੁਧ ਅਗਲੇ ਦਿਨਾਂ ਦੌਰਾਨ ਸਿੱਖ ਪ੍ਰੰਪਰਾਵਾਂ ਅਨੁਸਾਰ ਸਖ਼ਤ ਤੋਂ ਸਖ਼ਤ ਕਾਰਵਾਈ ਕਰਨ ਤੋਂ ਗੁਰੇਜ਼ ਨਹੀਂ ਕੀਤਾ ਜਾਵੇਗਾ।

ਸ.ਫਾ 3 ਦੀਆਂ ਬਾਕੀਆਂ

ਭਾਜਪਾ ਉਮੀਦਵਾਰ ਮਨਪ੍ਰੀਤ ਸਿੰਘ ਬਾਦਲ ਨੇ ਰਵਨੀਤ ਬਿੱਟੂ ਦੀ ਮੌਜੂਦਗੀ 'ਚ ਦਾਖ਼ਲ ਕੀਤੇ ਨਾਮਜ਼ਦਗੀ ਪੱਤਰ

ਗਾਂਧੀ ਨੇ 2008 ਵਿਚ ਇਹ ਹੋਕਾ ਦਿਤਾ ਸੀ ਕਿ ਉਹ ਆਮ ਘਰਾਂ ਦੇ ਲੜਕੇ ਲੜਕੀਆਂ ਨੂੰ ਵਿਧਾਇਕ ਅਤੇ ਮੰਤਰੀ ਬਣਾਉਂਦੇ ਹਨ। ਉਸ ਸਮੇਂ ਰਾਜਾ ਵੜਿੰਗ ਅਪਣੇ ਆਪ ਨੂੰ ਆਮ ਕਹਿ ਕੇ ਅੱਗੇ ਆਏ ਸਨ ਅੱਜ ਜਦੋਂ ਅਪਣੀ ਵਾਰੀ ਆਈ ਹੈ, ਤਾਂ ਇਨ੍ਹਾਂ ਨੂੰ ਹਲਕੇ ਵਿਚੋਂ ਕੋਈ ਵੀ ਅਜਿਹਾ ਕਾਂਗਰਸੀ ਵਰਕਰ ਨਹੀਂ ਮਿਲਿਆ ਜਿਸ ਨੂੰ ਪਾਰਟੀ ਦੀ ਟਿਕਟ ਦਿਤੀ ਜਾ ਸਕਦੀ। ਉਨ੍ਹਾਂ ਕਿਹਾ ਜਦੋਂ ਵਾਇਨਾਡ ਵਿਚ ਰਾਹੁਲ ਗਾਂਧੀ ਨੇ ਹੋਰਨਾਂ ਕਾਂਗਰਸੀ ਵਰਕਰਾਂ ਨੂੰ ਛੱਡ ਕੇ ਅਪਣੀ ਭੈਣ ਨੂੰ ਟਿਕਟ ਦੇ ਦਿਤੀ ਤਾਂ ਫਿਰ ਰਾਜਾ ਵੜਿੰਗ ਦੀ ਧਰਮਪਤਨੀ ਨੂੰ ਟਿਕਟ ਦਿਤੇ ਜਾਣ 'ਤੇ ਉਹ ਕੀ ਬੋਲ ਸਕਦੇ ਸਨ। ਇਸ ਮੌਕੇ ਭਾਜਪਾ ਉਮੀਦਵਾਰ ਮਨਪ੍ਰੀਤ ਸਿੰਘ ਬਾਦਲ ਨੇ ਕਿਹਾ ਕਿ ਭਾਜਪਾ ਲੀਡਰਸ਼ਿਪ ਨੇ ਜੋ ਭਰੋਸਾ ਉਨ੍ਹਾਂ 'ਤੇ ਜਤਾਇਆ ਹੈ, ਉਸ ਸਬੰਧੀ ਉਹ ਵਿਸ਼ਵਾਸ ਦਿਵਾਉਂਦੇ ਹਨ ਕਿ ਜਦੋਂ ਤਕ ਗਿੱਦੜਬਾਹਾ ਦੇ ਲੋਕ ਖ਼ੁਸ਼ ਨਹੀਂ ਹੋ ਜਾਂਦੇ ਉਹ ਚੈਨ ਨਾਲ ਟਿਕ ਕੇ ਨਹੀਂ ਬੈਠਣਗੇ। ਇਸ ਮੌਕੇ ਉਨ੍ਹਾਂ ਨਾਲ ਅਵਿਨਾਸ਼ ਰਾਏ ਖੰਨਾ, ਦਿਆਲ ਸਿੰਘ ਸੋਢੀ ਅਤੇ ਸਤੀਸ ਅਸੀਜਾ ਵੀ ਮੌਜੂਦ ਸਨ।

ਐਫ.ਸੀ.ਆਈ. ਦੇ ਗੋਦਾਮ ਖ਼ਾਲੀ ਨਾ ਹੋਣ ਕਾਰਨ ਝੋਨੇ ਦੀ ਚੁਕਾਈ ਹੋ ਰਹੀ ਹੈ ਪ੍ਰਭਾਵਤ

ਹਾਈ ਕੋਰਟ ਨੇ ਕੇਂਦਰ ਤੋਂ ਜਵਾਬ ਮੰਗਿਆ ਹੈ। ਇਸ ਨਾਲ ਹੀ ਸੁਣਵਾਈ ਅੱਗੇ ਪਾ ਦਿਤੀ ਗਈ ਹੈ।ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ ਅਜੇ ਤਕ ਝੋਨੇ ਦੀ ਖ਼ਰੀਦ ਸ਼ੁਰੂ ਨਾ ਕਰਨ ਦਾ ਦੋਸ਼ ਲਗਾਉਂਦਿਆਂ ਦਾਖ਼ਲ ਇਕ ਲੋਕਹਿਤ ਪਟੀਸ਼ਨ ਵਿਚ ਕਿਹਾ ਗਿਆ ਸੀ ਕਿ ਜੇਕਰ ਫ਼ਸਲਾਂ ਦੀ ਖ਼ਰੀਦ ਸਮੇਂ ਸਿਰ ਨਾ ਹੋਈ ਤਾਂ ਕਿਸਾਨਾਂ ਨੂੰ ਉਨ੍ਹਾਂ ਦੀ ਫ਼ਸਲ ਦੀ ਅਦਾਇਗੀ ਸਮੇਂ ਸਿਰ ਨਹੀਂ ਹੋਵੇਗੀ ਅਤੇ ਜੇਕਰ ਅਜਿਹਾ ਹੁੰਦਾ ਹੈ, ਤਾਂ ਫ਼ਸਲ ਲਈ ਰਸਮੀ ਅਤੇ ਗ਼ੈਰ-ਰਸਮੀ ਸਰੋਤਾਂ ਤੋਂ ਲਏ ਗਏ ਕਰਜ਼ੇ ਦੀ ਅਦਾਇਗੀ ਵਿਚ ਦੇਰੀ ਹੋਵੇਗੀ। ਇਹ ਵੀ ਕਿਹਾ ਗਿਆ ਹੈ ਕਿ ਜੇਕਰ ਅਜਿਹਾ ਹੁੰਦਾ ਹੈ ਤਾਂ ਨਵੀਂ ਫ਼ਸਲ ਲਈ ਨਕਦ ਕਰਜ਼ਾ ਮਿਲਣ ਵਿਚ ਹੋਰ ਦੇਰੀ ਹੋਵੇਗੀ। ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਪੰਜਾਬ-ਹਰਿਆਣਾ ਹਾਈਕੋਰਟ ਨੇ ਪਿਛਲੇ ਸਾਲ ਦੀ ਝੋਨੇ ਦੀ ਫ਼ਸਲ ਨੂੰ ਗੁਦਾਮਾਂ ਤੋਂ ਹਟਾਉਣ ਅਤੇ 2024-25 ਦੀ ਨਵੀਂ ਝੋਨੇ ਦੀ ਫ਼ਸਲ ਲਈ ਥਾਂ ਬਣਾਉਣ ਦੇ ਨਿਰਦੇਸ਼ ਜਾਰੀ ਕੀਤੇ ਜਾਣ ਦੀ ਮੰਗ ਕੀਤੀ ਹੈ। ਪਟੀਸ਼ਨ 'ਚ ਇਹ ਵੀ ਕਿਹਾ ਗਿਆ ਸੀ ਕਿ ਜੇਕਰ ਪੰਜਾਬ 'ਚ ਝੋਨੇ ਦੀ ਖ਼ਰੀਦ 'ਚ ਦੇਰੀ ਹੁੰਦੀ ਹੈ ਤਾਂ ਅਗਲੀ ਫ਼ਸਲ ਯਾਨੀ ਕਣਕ ਦੀ ਬਿਜਾਈ 'ਚ ਦੇਰੀ ਹੋਵੇਗੀ।

ਕਿਸਾਨਾਂ ਦੀ ਭਲਾਈ 'ਆਪ' ਸਰਕਾਰ ਦੀ ਤਰਜੀਹ ਹੋਵੇ : ਹਰਜੀਤ ਗਰੇਵਾਲ

ਕੇਂਦਰ ਸਰਕਾਰ ਦੇ ਵਿੱਤ ਮੰਤਰਾਲੇ ਨੇ ਤਾਂ 2 ਮਹੀਨੇ ਪਹਿਲਾਂ 43,000 ਕਰੋੜ ਦੀ ਕੈਸ਼ ਕ੍ਰੈਡਿਟ ਲਿਮਟ ਜਾਰੀ ਕਰ ਦਿਤੀ ਸੀ ਪਰ ਪੰਜਾਬ ਸਰਕਾਰ ਨੇ ਤਾਂ ਬਾਰਦਾਨੇ ਦਾ ਪ੍ਰਬੰਧ ਕੀਤਾ, ਨਾ ਹੀ 5500 ਸ਼ੈਲਰ ਮਾਲਕਾਂ ਨਾਲ ਲਿਖਤੀ ਸਮਝੌਤਾ ਅਤੇ ਨਾ ਹੀ ਕਾਨੂੰਨੀ ਦਾਇਰੇ ਹੇਠ ਸ਼ੈਲਰ ਵਾਲਿਆਂ ਦੀ ਮੁਸ਼ਕਲਾਂ ਸੁਣੀਆਂ ਅਤੇ ਸਿੱਟੇ ਵਜੋਂ ਆੜ੍ਹਤੀ ਅਤੇ ਲੇਬਰ ਯੂਨੀਅਨਾਂ, ਹੜਤਾਲ 'ਤੇ ਚਲੇ ਗਏ। ਸ. ਗਰੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਮੰਤਰੀ ਪਾਰਟੀ ਦੇ ਹੋਰ ਨੇਤਾ ਬਿਨਾਂ ਇਸ ਗੰਭੀਰ ਸਮੱਸਿਆ ਦੇ ਸਮਝਣ ਤੋਂ ਹਰ ਰੋਜ਼ ਬੇਤੁਕੀ ਬਿਆਨਬਾਜ਼ੀ ਕੇਂਦਰ ਸਰਕਾਰ ਅਤੇ ਬੀਜੇਪੀ ਵਿਰੁਧ ਕਰੀ ਜਾ ਰਹੇ ਹਨ। ਖ਼ੁਦ ਜਿਮੀਦਾਰ ਤੇ ਕਿਸਾਨੀ ਦੀ ਅੰਦਰੂਨੀ ਮੁਸ਼ਕਲਾਂ ਨੂੰ ਜਾਨਣ ਵਾਲੇ ਸੀਨੀਅਰ ਬੀਜੇਪੀ ਲੀਡਰ ਸ. ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਪਿਛਲੀਆਂ ਅਕਾਲੀ ਬੀਜੇਪੀ ਅਤੇ ਕਾਂਗਰਸ ਸਰਕਾਰ ਵੇਲੇ ਮੁੱਖ ਮੰਤਰੀ, ਸੀਨੀਅਰ ਮੰਤਰੀ, ਅਧਿਕਾਰੀ ਅਤੇ ਅਨਾਜ ਸਪਲਾਈ ਮਹਿਕਮੇ ਦੇ ਸਕੱਤਰ, ਆਈ.ਏ.ਐਸ. ਅਫ਼ਸਰ, ਦਿੱਲੀ ਵਿਚ ਕੇਂਦਰੀ ਸਰਕਾਰ ਤੇ ਵਿਸ਼ੇਸ਼ ਕਰ ਪ੍ਰਧਾਨ ਮੰਤਰੀ ਨਾਲ ਰਾਬਤਾ ਕਾਇਮ ਕਰ ਕੇ ਮਸਲਿਆਂ ਦਾ ਹੱਲ ਕਰਦੇ ਸਨ। ਪਰ ਮੌਜੂਦਾ ਮੁੱਖ ਮੰਤਰੀ ਤੇ ਇਸ ਦੇ ਸਾਥੀ ਨਾ ਤਾਂ ਕਿਸਾਨਾਂ ਨਾਲ, ਨਾ ਹੀ ਸ਼ੈਲਰ ਮਾਲਕਾਂ ਅਤੇ ਨਾ ਹੀ ਆੜ੍ਹਤੀ ਜਥੇਬੰਦੀਆਂ ਦੀਆਂ ਮੰਗਾਂ 'ਤੇ ਗੌਰ ਕਰਦੇ ਹਨ ਜਿਸ ਦਾ ਨਤੀਜਾ ਪੰਜਾਬ ਵਿਚ ਹਰ ਦਿਨ, ਹੜਤਾਲ, ਸੜਕਾਂ 'ਤੇ ਧਰਨੇ, ਆਵਾਜਾਈ ਤੇ ਰੇਲਗੱਡੀ ਬੰਦ ਹੋਣ ਕਰ ਕੇ ਕਾਨੂੰਨੀ ਵਿਵਸਥਾ ਵਿਗੜਦੀ ਜਾ ਰਹੀ ਹੈ। ਬੀਜੇਪੀ ਨੇਤਾ ਵਿਨੀਤ ਜੋਸ਼ੀ ਨੇ ਪ੍ਰੈਸ ਕਾਨਫ਼ਰੰਸ ਵਿਚ ਕਿਹਾ ਕਿ ਪੰਜਾਬ ਸਰਕਾਰ ਦੀ 2023 ਵਿਚ ਬਣਾਈ ਅਨਾਜ ਅਤੇ ਖੇਤੀਬਾੜੀ ਨੀਤੀ ਤਹਿਤ ਧਾਰਾ 14 ਹੇਠ ਕਣਕ ਅਤੇ ਝੋਨਾ ਖ਼ਰੀਦ ਮੌਕੇ ਕਿਸੇ ਸਮੱਸਿਆ ਦੇ ਹੱਲ ਵਾਸਤੇ ਪੰਜਾਬ ਸਰਕਾਰ ਖ਼ੁਦ ਝੋਨੇ ਦੀ ਖ਼ਰੀਦ ਕਰ ਸਕਦੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਨੂੰ ਭੰਡਣ ਦੀ ਥਾਂ ਸੂਬਾ ਸਰਕਾਰ ਅਪਣੀਆਂ 4 ਸਰਕਾਰੀ ਏਜੰਸੀਆਂ ਰਾਹੀਂ ਖ਼ਰੀਦ ਜਾਰੀ ਰੱਖੇ, ਸ਼ੈਲਰ ਮਾਲਕਾਂ ਨਾਲ ਮਿਲ ਕੇ ਹੱਲ ਕੱਢੇ ਅਤੇ ਕਿਸਾਨਾਂ ਦੀ ਫ਼ਸਲ ਦੀ ਅਦਾਇਗੀ ਕਰੇ।

'ਆਪ' ਉਮੀਦਵਾਰ ਡਿੰਪੀ ਢਿੱਲੋਂ ਨੇ ਦਾਖ਼ਲ ਕੀਤੇ ਨਾਮਜ਼ਦਗੀ ਕਾਗ਼ਜ਼

ਡਿੰਪੀ ਢਿੱਲੋਂ ਨੂੰ ਟਿਕਟ ਦਿਤੇ ਜਾਣ ਤੇ ਪ੍ਰਗਟਾਈ ਜਾ ਰਹੀ ਨਰਾਜ਼ਗੀ ਦੇ ਸਬੰਧ ਵਿਚ ਅਮਨ ਅਰੋੜਾ ਨੇ ਕਿਹਾ ਕਿ ਅਜਿਹੀ ਕੋਈ ਗੱਲ ਨਹੀਂ ਹੈ ਦੋਵੇਂ ਹੀ ਆਗੂ ਆਦਮੀ ਪਾਰਟੀ ਦੇ ਪ੍ਰਵਾਰ ਦਾ ਹਿੱਸਾ ਹਨ ਅਤੇ ਪਾਰਟੀ ਨੇ ਉਨ੍ਹਾਂ ਨੂੰ ਵੀ ਪੂਰਾ ਮਾਨ ਸਤਿਕਾਰ ਦਿਤਾ ਹੈ। ਇਸ ਮੌਕੇ ਆਪ ਉਮੀਦਵਾਰ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕਿਹਾ ਕਿ ਉਹ ਗਿੱਦੜਬਾਹਾ ਦੇ ਵਿਕਾਸ ਵਿਚ ਕੋਈ ਕਸਰ ਬਾਕੀ ਨਹੀਂ ਰਹਿਣ ਦਿਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਨੇ ਸ਼੍ਰੋਮਣੀ ਅਕਾਲੀ ਦਲ ਛੱਡਣ ਤੋਂ ਬਾਅਦ ਵੀ ਜੋ ਮੇਰੇ ਨਾਲ ਪਿਆਰ ਅਤੇ ਵਫ਼ਾਦਾਰੀ ਦਿਖਾਇਆ ਹੈ, ਉਸ ਲਈ ਉਹ ਉਨ੍ਹਾਂ ਦੇ ਹਮੇਸ਼ਾ ਰਿਣੀ ਰਹਿਣਗੇ ਅਤੇ ਗਿੱਦੜਬਾਹਾ ਦੇ ਵਿਕਾਸ ਵਿਚ ਕੋਈ ਵੀ ਕਮੀ ਨਹੀਂ ਆਉਣ ਦੇਣਗੇ।

ਰੋਜ਼ਾਨਾ ਸਪੋਕਸਮੈਨ ਕਲਾਸੀਫ਼ਾਈਡ CLASSIFIED

ਕੰਨਿਆ ਦੀ ਲੋੜ

• BRAR boy, 28-4-1995, 6", +2, Partnership with Italian boys const. ltd., Lives in Surrey, B